ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ ਬਠਿੰਡਾ

## ਬਠਿੰਡਾ ਜਿਲ੍ਹੇ ਵਿਚ 4 ਨਵੇਂ ਕਰੋਨਾ ਕੇਸ ਸਾਹਮਣੇ ਆਏ

ਡੀ ਸੀ ਨੇ ਲੋਕ ਘਬਰਾਉਣ ਨਾ, ਪ੍ਰਸਾਸਨ ਵੱਲੋਂ ਸਾਰੇ ਪ੍ਰਬੰਧ ਕੀਤੇ ਜਾ ਰਹੇ ਹਨ

167 ਨੈਗੇਟਿਵ ਰਿਪੋਰਟਾਂ ਵੀ ਪ੍ਰਾਪਤ

ਬਠਿੰਡਾ, 29 ਮਈ

ਬਠਿੰਡਾ ਜਿਲ੍ਹੇ ਵਿਚ ਅੱਜ ਫਿਰ ਕਰੋਨਾ ਦੇ ਚਾਰ ਨਵੇਂ ਮਾਮਲੇ ਸਾਹਮਣੇ ਆਏ ਹਨ। ਇੰਨ੍ਹਾਂ ਵਿਚੋਂ 2 ਮਹਿਲਾਵਾਂ ਅਤੇ 2 ਪੁਰਸ ਹਨ। ਇਹ ਜਾਣਕਾਰੀ ਜਿਲ੍ਹੇ ਦੇ ਡਿਪਟੀ ਕਮਿਸਨਰ ਸ੍ਰੀ ਬੀ ਸ੍ਰੀ ਨਿਵਾਸਨ ਆਈਏਐਸ ਨੇ ਦਿੱਤੀ ਹੈ।

ਡਿਪਟੀ ਕਮਿਸਨਰ ਨੇ ਦੱਸਿਆ ਕਿ ਇੰਨ੍ਹਾਂ ਵਿਚੋਂ ਦੋ ਦਾ ਯਾਤਰਾ ਪਿੱਛੋਕੜ ਹੈ ਅਤੇ ਉਨ੍ਹਾਂ ਨੇ ਕ੍ਰਮਵਾਰ ਅੰਬਾਲਾ ਤੇ ਦਿੱਲੀ ਦੀ ਯਾਤਰਾ ਕੀਤੀ ਹੈ। ਇਸ ਤੋਂ ਬਿਨ੍ਹਾਂ ਇਕ ਪੁਲਿਸ ਹਿਰਾਸਤ ਵਿਚ ਬੰਦੀ ਹੈ ਜਿਸ ਨੂੰ ਪੁਲਿਸ ਨੇ ਕਿਸੇ ਕੇਸ ਵਿਚ ਗ੍ਰਿਫਤਾਰ ਕੀਤਾ ਸੀ। ਜਦ ਕਿ ਇਕ ਆਂਗਣਬਾੜੀ ਵਰਕਰ ਹੈ। ਉਨ੍ਹਾਂ ਨੇ ਦੱਸਿਆ ਕਿ ਹੁਣ ਜਿਲ੍ਹੇ ਵਿਚ ਐਕਟਿਵ ਕੇਸ 5 ਹੋ ਗਏ ਹਨ। ਜਦ ਕਿ 43 ਲੋਕ ਪਹਿਲਾਂ ਹੀ ਠੀਕ ਹੋ ਕੇ ਘਰ ਪਰਤ ਚੁੱਕੇ ਹਨ।

ਡਿਪਟੀ ਕਮਿਸਨਰ ਨੇ ਜਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਕਿਸੇ ਘਬਰਾਹਟ ਵਿਚ ਨਾ ਆਉਣ ਅਤੇ ਪ੍ਰਸ਼ਾਸਨ ਤੇ ਸਿਹਤ ਵਿਭਾਗ ਦੀਆਂ ਸਲਾਹਾਂ ਤੇ ਅਮਲ ਕਰਦਿਆਂ ਸਾਰੀਆਂ ਸਾਵਧਾਨੀਆਂ ਦਾ ਪਾਲਣ ਕਰਨ। ਉਨ੍ਹਾਂ ਨੇ ਅਪੀਲ ਕੀਤੀ ਕਿ ਵਾਰ ਵਾਰ ਹੱਥ ਧੋਤੇ ਜਾਣ, ਮਾਸਕ ਪਹਿਣ ਕੇ ਰੱਖੋਂ ਅਤੇ ਸਮਾਜਿਕ ਦੂਰੀ ਦੇ ਨਿਯਮ ਦਾ ਪਾਲਣ ਕੀਤਾ ਜਾਵੇ।

ਸਿਵਲ ਸਰਜਨ ਡਾ: ਅਮਰੀਕ ਸਿੰਘ ਨੇ ਦੱਸਿਆ ਕਿ ਉਕਤ ਤੋਂ ਬਿਨ੍ਹਾਂ ਅੱਜ 167 ਨੈਗੇਟਿਵ ਰਿਪੋਰਟਾਂ ਵੀ ਪ੍ਰਾਪਤ ਹੋਈਆਂ ਹਨ। ਉਨ੍ਹਾਂ ਇਹ ਵੀ ਦੱਸਿਆ ਕਿ ਜਿਨ੍ਹਾਂ ਦੀਆਂ ਰਿਪੋਰਟਾਂ ਪਾਜਿਟਿਵ ਆਈਆਂ ਹਨ ਉਨ੍ਹਾਂ ਨੂੰ ਸਿਵਲ ਹਸਪਤਾਲ ਵਿਚ ਤਬਦੀਲ ਕੀਤਾ ਜਾ ਰਿਹਾ ਹੈ। ਇਸੇ ਤਰਾਂ ਉਨ੍ਹਾਂ ਦੇ ਸੰਪਰਕ ਵਿਚ ਆਏ ਲੋਕਾਂ ਨੂੰ ਇਕਾਂਤਵਾਸ ਕਰਕੇ ਉਨ੍ਹਾਂ ਦੇ ਨਮੂਨੇ ਜਾਂਚ ਲਈ ਲਏ ਜਾ ਰਹੇ ਹਨ।

I/28814/2020

Scanned by CamScanner